ਹਵਲਦਾਰ ਕਾਲਾ ਸਿੰਘ ਦੇ 108ਵੇਂ ਸ਼ਹੀਦੀ ਦਿਵਸ ਅਤੇ ਸਿਪਾਹੀ ਹਜਾਰਾ ਸਿੰਘ ਦੇ 109ਵੇਂ ਸ਼ਹੀਦੀ ਦਿਵਸ ਮੌਕੇ ਪਹਿਲੇ ਵਿਸ਼ਵ ਯੁੱਧ ਦੇ ਸਮੂਹ ਸ਼ਹੀਦਾਂ ਦੀ ਨਿੱਘੀ ਯਾਦ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ



ਬਟਾਲਾ, 16 ਨਵੰਬਰ (ਡਾ. ਨਰਿੰਦਰ ਸਿੰਘ ਘੁਮਾਣ/ਧੰਨਪਾਲ ਕਲਸੀ) : ਯਾਦਗਾਰ ਪਹਿਲਾ ਵਿਸ਼ਵ ਯੁੱਧ, ਪਿੰਡ ਸਰਵਾਲੀ ਵਿਖੇ ਪਹਿਲੇ ਵਿਸ਼ਵ ਯੁੱਧ ਦੇ ਸ਼ਹੀਦਾਂ ; ਹਵਲਦਾਰ ਕਾਲਾ ਸਿੰਘ 45 ਰੈਟਰੇ ਸਿੱਖਸ ਦੇ 108ਵੇਂ ਸ਼ਹੀਦੀ ਦਿਵਸ ਅਤੇ ਸਿਪਾਹੀ ਹਜਾਰਾ ਸਿੰਘ,45 ਰੈਟਰੇ ਸਿੱਖ (ਹੁਣ 3 ਸਿੱਖ ਬਟਾਲੀਅਨ) ਦੇ 109ਵੇਂ ਸ਼ਹੀਦੀ ਦਿਵਸ ਮੌਕੇ ਪਹਿਲੇ ਵਿਸ਼ਵ ਯੁੱਧ ਦੇ ਸਮੂਹ ਸ਼ਹੀਦਾਂ ਦੀ ਨਿੱਘੀ ਯਾਦ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ ਅਤੇ ਪਹਿਲੀ ਸੰਸਾਰ ਜੰਗ ਦੇ 108ਵੇਂ ਜੰਗਬੰਦੀ ਦਿਵਸ ਸਬੰਧੀ ਪੁਸ਼ਪਾਂਜਲੀ ਭੇਟਾ ਅਤੇ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ।ਸ਼ਰਧਾਂਜਲੀ ਸਮਾਗਮ ਮੌਕੇ ਲੈਫਟੀਨੈਂਟ ਲੋਕੇਸ਼ ਸਿੰਘ ਦੀ ਕਮਾਂਡ ਹੇਠ ਵਿਸ਼ੇਸ਼ ਤੌਰ 'ਤੇ ਪਹੁੰਚੀ ਸਿੱਖ ਰੈਜੀਮੈਂਟ ਦੀ 25ਵੀਂ ਬਟਾਲੀਅਨ ਵੱਲੋਂ ਸੈਰੇਮੋਨੀਅਲ ਗਾਰਡ ਦਿੱਤਾ ਗਿਆ ਅਤੇ ਨਾਲ ਹੀ ਮਾਨਯੋਗ ਸਟੇਸ਼ਨ ਕਮਾਂਡਰ, ਤਿਬੜੀ ਕੈਂਟ ਅਤੇ 25 ਸਿੱਖ ਵੱਲੋਂ ਪੁਸ਼ਪਾਂਜਲੀ ਭੇਟਾ ਕੀਤੀ ਗਈ। ਸ਼ਰਧਾਂਜਲੀ ਸਮਾਗਮ ਦੇ ਮੁੱਖ ਮਹਿਮਾਨ ਲੈਫਟੀਨੈਂਟ ਲੋਕੇਸ਼ ਸਿੰਘ ਨੇ ਆਪਣੇ ਸੰਬੋਧਨ ਵਿੱਚ ਪਹਿਲੀ ਸੰਸਾਰ ਜੰਗ ਵਿੱਚ ਸਿੱਖ ਰੈਜੀਮੈਂਟ ਦੇ ਸ਼ਾਨਾਮੱਤੇ ਇਤਿਹਾਸ ਅਤੇ ਸੂਰਬੀਰ ਸ਼ਹੀਦਾਂ ਦੀਆਂ ਕੁਰਬਾਨੀਆਂ ਦੇ ਵਡਮੁੱਲੇ ਇਤਿਹਾਸ ਨੂੰ ਯਾਦ ਕਰਦਿਆਂ ਕਿਹਾ ਕਿ ਪਹਿਲੀ ਸੰਸਾਰ ਜੰਗ ਵਿੱਚ ਭਾਰਤੀ ਫ਼ੌਜ ਲਈ ਸ਼ਹੀਦੀਆਂ ਪ੍ਰਾਪਤ ਕਰਨ ਵਾਲੇ ਮਹਾਨ ਸ਼ਹੀਦਾਂ ਨੂੰ ਉਹਨਾਂ ਦੇ ਪਿੰਡ ਵਿੱਚ ਸ਼ਰਧਾਂਜਲੀ ਭੇਟ ਕਰਦਿਆਂ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਅਤੇ ਸ਼ਹੀਦਾਂ ਦੇ ਵਾਰਸ ਪਰਿਵਾਰਾਂ, ਇੰਟੈਕ ਪੰਜਾਬ ਤੋਂ ਸਟੇਟ ਕਨਵੀਨਰ ਮਾਨਯੋਗ ਮੇਜਰ ਜਨਰਲ ਬਲਵਿੰਦਰ ਸਿੰਘ, ਵੀਐਸਐਮ (ਸੇਵਾਮੁ5) ਦੀ ਅਗਵਾਈ ਹੇਠ ਇੰਟੈਕ ਗੁਰਦਾਸਪੁਰ ਚੈਪਟਰ, ਸਰਵਾਲੀ ਵੈਲਫੇਅਰ ਐਂਡ ਚੈਰੀਟੇਬਲ ਸੁਸਾਇਟੀ ਦੇ ਸਹਿਯੋਗ, ਪਿੰਡ ਸਰਵਾਲੀ ਦੇ ਮਾਨਯੋਗ ਸਰਪੰਚ ਸਰਦਾਰ ਸੁਖਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਪੰਚਾਇਤ ਦੇ ਸਹਿਯੋਗ ਸਦਕਾ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਰ ਸਾਲ ਯਾਦ ਕਰਨ ਦੇ ਉਪਰਾਲੇ ਸਦਕਾ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਭਾਰਤੀ ਫੌਜ ਵਿੱਚ ਸ਼ਾਮਿਲ ਹੋਣ ਲਈ ਉਤਸ਼ਾਹ ਮਿਲਦਾ ਹੈ। ਉਹਨਾਂ ਕਿਹਾ ਕਿ ਵੱਧ ਤੋਂ ਵੱਧ ਪੰਜਾਬੀ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਕਰਨ ਲਈ ਭਰਤੀ ਫੌਜ ਵਿੱਚ ਭਰਤੀ ਹੋਣ ਲਈ ਪੁਰਜ਼ੋਰ ਕੋਸ਼ਿਸ਼ ਕਰਨੀ ਚਾਹੀਦੀ ਹੈ ਅਤੇ ਸਾਡੇ ਨੌਜਵਾਨਾਂ ਅਤੇ ਸਮੂਹ ਜ਼ਿੰਮੇਵਾਰ ਧਿਰਾਂ ਨੂੰ ਆਪਣਾ ਵਰਤਮਾਨ ਅਤੇ ਭਵਿੱਖ ਸੰਵਾਰਨ ਲਈ ਆਪਣੀ ਦਿਮਾਗੀ ਅਤੇ ਸਰੀਰਿਕ ਤਾਕਤ ਦਾ ਇਸਤੇਮਾਲ ਆਪਣੇ ਭਵਿੱਖ ਦੀ ਤਲਾਸ਼ ਕਰਨ ਦੇ ਨਾਲ ਸ਼ਾਨਾਮਈ ਭਾਰਤੀ ਫ਼ੌਜ ਵਿੱਚ ਭਰਤੀ ਹੋਣ ਲਈ ਉਪਲਬਧ ਮੌਕਿਆਂ ਦਾ ਵੱਧ ਤੋਂ ਵੱਧ ਫਾਇਦਾ ਉਠਾਉਣਾ ਚਾਹੀਦਾ ਹੈ। ਸ਼ਰਧਾਂਜਲੀ ਸਮਾਗਮ ਦੀ ਸ਼ੁਰੂਆਤ ਸਕੂਲ ਆਫ ਐਮੀਨੈਂਸ, ਬਟਾਲਾ ਦੀ ਵਿਦਿਆਰਥਣ ਰਾਜਵਿੰਦਰ ਕੌਰ ਨੇ ਸ਼ਬਦ ਗਾਇਨ ਰਾਹੀਂ ਕੀਤੀ। ਇਸ ਮੌਕੇ ਸਿਡਨੀ, ਆਸਟਰੇਲੀਆ ਤੋਂ ਸੰਸਾਰ ਪ੍ਰਸਿੱਧ ਲੋਕ ਗਾਇਕ ਦਵਿੰਦਰ ਧਾਰੀਆ ਵੱਲੋਂ ਭੇਜੀ ਗਈ ਰਿਕਾਰਡਿੰਗ ਰਾਹੀਂ ਮੁੱਖਵਾਕ ਪਾਤਸ਼ਾਹੀ ਦਸਵੀਂ ਸ਼ਬਦ ਗਾਇਨ ਸਰਵਣ ਕੀਤਾ ਗਿਆ। ਸ਼ਰਧਾਂਜਲੀ ਸਮਾਗਮ ਮੌਕੇ ਬਤੌਰ ਵਿਸ਼ੇਸ਼ ਮਹਿਮਾਨ ਯੰਗ ਇਨੋਵੇਟਿਵ ਫਾਰਮਰ ਗਰੁੱਪ ਦੇ ਮੀਤ ਪ੍ਰਧਾਨ ਸਰਦਾਰ ਦਿਲਬਾਗ ਸਿੰਘ ਚੀਮਾ (ਰਣਜੀਤ ਬਾਗ) ਅਤੇ ਸਾਬਕਾ ਸੈਨਿਕ ਵੈਲਫ਼ੇਅਰ ਕਮੇਟੀ ਵੱਲੋਂ ਸਾਬਕਾ ਸੂਬੇਦਾਰ ਹਰਪਾਲ ਸਿੰਘ, 2 ਸਿੱਖ ਵੱਲੋਂ ਆਪਣੇ ਸੰਬੋਧਨ ਵਿੱਚ ਸ਼ਹੀਦ ਹਵਲਦਾਰ ਕਾਲਾ ਸਿੰਘ ਦੇ ਵਾਰਸ ਪਰਿਵਾਰ ਵੱਲੋਂ ਪਿੰਡ ਸਰਵਾਲੀ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸ਼ਰਧਾਂਜਲੀ ਸਮਾਗਮ ਦੀ ਪ੍ਰਸੰਸਾ ਕੀਤੀ ਅਤੇ ਆਪਣੀ ਸੰਸਥਾ ਅਤੇ ਸਾਬਕਾ ਸੈਨਿਕਾਂ ਵੱਲੋਂ ਹਰ ਸੰਭਵ ਮਦਦ ਦੇਣ ਲਈ ਭਰੋਸਾ ਦਿੱਤਾ ਅਤੇ ਵਧ ਚੜ੍ਹ ਕੇ ਅਜਿਹੇ ਸਮਾਗਮਾਂ ਵਿੱਚ ਭਾਗ ਲੈਣ ਦਾ ਸੱਦਾ ਦਿੱਤਾ। ਸ਼ਰਧਾਂਜਲੀ ਸਮਾਗਮ ਵਿੱਚ ਭਾਰਤੀ ਫ਼ੌਜ ਦੀ ਸ਼ਾਨਾਮਤੀ ਸਿੱਖ ਰੈਜੀਮੈਂਟ ਦੀ 25 ਸਿੱਖ ਬਟਾਲੀਅਨ ਦੇ ਲੈਫਟੀਨੈਂਟ ਲੋਕੇਸ਼ ਸਿੰਘ ਦੀ ਕਮਾਂਡ ਹੇਠ ਯੰਗ ਇਨੋਵੇਟਿਵ ਫਾਰਮਰਜ਼ ਗਰੁੱਪ ਦੇ ਮੀਤ ਪ੍ਰਧਾਨ ਸਰਦਾਰ ਦਿਲਬਾਗ ਸਿੰਘ ਚੀਮਾ, ਸਾਬਕਾ ਸੂਬੇਦਾਰ ਹਰਪਾਲ ਸਿੰਘ 2 ਸਿੱਖ, ਸ਼ਹੀਦ ਹਵਲਦਾਰ ਕਾਲਾ ਸਿੰਘ, 45 ਰੈਟਰੇ ਸਿੱਖਸ ਦੇ ਪੋਤਰੇ ਸਰਦਾਰ ਗੁਰਮੀਤ ਸਿੰਘ, ਸਰਪੰਚ ਸਰਦਾਰ ਸੁਖਵਿੰਦਰ ਸਿੰਘ ਗਿੱਲ, 25 ਸਿੱਖ ਵੱਲੋਂ ਮੁੱਖ ਮਹਿਮਾਨ ਲੈਫਟੀਨੈਂਟ ਲੋਕੇਸ਼ ਸਿੰਘ ਵੱਲੋਂ ਮਾਨਯੋਗ ਸਟੇਸ਼ਨ ਕਮਾਂਡਰ, ਤਿਬੜੀ ਕੈਂਟ ਵੱਲੋਂ ਸ਼ਹੀਦਾਂ ਨੂੰ ਪੁਸ਼ਪਾਂਜਲੀ ਭੇਟ ਕੀਤੀ ਅਤੇ ਸੈਰੇਮੋਨੀਅਲ ਗਾਰਡ ਦਿੱਤਾ ਗਿਆ। ਇਸ ਮੌਕੇ ਮਾਤਮੀ ਧੁਨ ਵਜਾਈ ਗਈ । ਮਾਨਯੋਗ ਮੁੱਖ ਮਹਿਮਾਨ ਲੈਫਟੀਨੈਂਟ ਲੋਕੇਸ਼ ਸਿੰਘ, ਵਿਸ਼ੇਸ਼ ਮਹਿਮਾਨ ਸਾਬਕਾ ਸੂਬੇਦਾਰ ਹਰਪਾਲ ਸਿੰਘ 2 ਸਿੱਖ, ਸ਼ਹੀਦਾਂ ਦੇ ਵਾਰਸ ਪਰਿਵਾਰ ਵਿੱਚੋਂ ਸਰਦਾਰ ਗੁਰਮੀਤ ਸਿੰਘ, ਸਰਪੰਚ ਸ੍ਰ. ਸੁਖਵਿੰਦਰ ਸਿੰਘ ਗਿੱਲ ਵੱਲੋਂ ਸ਼ਰਧਾਂਜਲੀ ਸਮਾਗਮ ਦੀ ਸਮਾਪਤੀ ਮੌਕੇ ਸਕੂਲ ਆਫ ਐਮੀਨੈਂਸ ਬਟਾਲਾ ਦੀ ਵਿਦਿਆਰਥਨ ਜਸਕੀਰਤ ਕੌਰ ਸੋਹਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਜਿਸ ਨੇ 10 ਮੀਟਰ ਰਾਈਫਲ ਸ਼ੂਟਿੰਗ ਅੰਡਰ 19 ਵਿੱਚ ਇੰਡੀਆ ਟੀਮ ਨੈਸ਼ਨਲ ਟਰਾਇਲਾਂ ਵਾਸਤੇ ਕੁਆਲੀਫਾਈ ਕੀਤਾ ਹੈ ਅਤੇ 10 ਮੀਟਰ ਸ਼ੂਟਿੰਗ ਵਿੱਚ ਦੋ ਵਾਰ ਸਟੇਟ ਪੱਧਰ 'ਤੇ ਪਹਿਲੀ ਪੁਜੀਸ਼ਨ ਹਾਸਿਲ ਕੀਤੀ ਹੈ।ਸਨਮਾਨ ਪ੍ਰਾਪਤ ਕਰਨ ਵਾਲੀਆਂ ਮਾਣਮੱਤੀਆਂ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਸਕੂਲ ਆਫ਼ ਐਮੀਨੈਂਸ, ਬਟਾਲਾ, ਮੈਡਮ ਸੁਨੀਤਾ ਸ਼ਰਮਾ, ਇੰਟੈਕ ਗੁਰਦਾਸਪੁਰ ਚੈਪਟਰ ਦੇ ਸੰਸਥਾਗਤ ਮੈਂਬਰ ਵੁੱਡਸਟਾਕ ਸਕੂਲ, ਬਟਾਲਾ ਦੇ ਅਕੈਡਮਿਕ ਡਾਇਰੈਕਟਰ ਮੈਡਮ ਵਸੁਧਾ ਜੀ, ਵੁੱਡਬਲਾਸਮ ਸਕੂਲ ਬਟਾਲਾ ਤੋਂ ਹੈਡਮਿਸਟ੍ਰੈਸ ਗੁਰਮੀਨ ਕੌਰ, ਬਲਾਕ ਨੋਡਲ ਆਫਿਸਰ ਹੈਡ ਮਾਸਟਰ ਜਸਵਿੰਦਰ ਸਿੰਘ ਭੁੱਲਰ, ਸੂਬੇਦਾਰ ਹਰਦੇਵ ਸਿੰਘ ਖੋਖਰ ਫੌਜੀਆਂ, ਸਾਬਕਾ ਕੌਂਸਲਰ, ਸਰਦਾਰ ਜੋਗਿੰਦਰ ਸਿੰਘ, ਯੰਗ ਇਨੋਵੇਟਿਵ ਫਾਰਮਰਸ ਗਰੁੱਪ ਤੋਂ ਠਾਕੁਰ ਰਮੇਸ਼ਵਰ ਸਿੰਘ ਅਤੇ ਸਰਦਾਰ ਪਲਵਿੰਦਰ ਸਿੰਘ ਘੁੰਮਣ, ਰਿਟਾ. ਲੈਕਚਰਾਰ ਸਰਦਾਰ ਰਣਬੀਰ ਪਾਲ ਸਿੰਘ, ਰਿਟਾ. ਲੈਕਚਰਾਰ ਸਰਦਾਰ ਗੁਰਮੀਤ ਸਿੰਘ ਬਾਜਵਾ, ਸਕੂਲ ਆਫ ਐਮੀਨੈਂਸ ਦੀ ਵਿਦਿਆਰਥਣ ਰਾਜਵਿੰਦਰ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹਾਜ਼ਰੀ ਭਰਨ ਵਾਲਿਆਂ ਵਿੱਚ ਡਿਸਟ੍ਰਿਕ ਹੈਰੀਟੇਜ ਸੁਸਾਇਟੀ, ਗੁਰਦਾਸਪੁਰ ਤੋਂ ਸ੍ਰ ਹਰਮਨਪ੍ਰੀਤ ਸਿੰਘ ਬਾਠ(ਕੋ-ਕਨਵੀਨਰ, ਇੰਟੈਕ ਗੁਰਦਾਸਪੁਰ ਚੈਪਟਰ), ਛੋਟਾ ਘੱਲੂਘਾਰਾ ਯਾਦਗਾਰ ਇੰਚਾਰਜ ਸ੍ ਦਮਨਜੀਤ ਸਿੰਘ ਬੋਪਾਰਾਏ, ਨੈਸ਼ਨਲ ਅਵਾਰਡੀ ਸਰਪੰਚ ਸਰਦਾਰ ਪੰਥਦੀਪ ਸਿੰਘ ਛੀਨਾ, ਸ਼ੇਰੇ ਪੰਜਾਬ ਕਲਚਰ ਪ੍ਰਮੋਸ਼ਨ ਕੌਂਸਲ ਵੱਲੋਂ ਸਰਦਾਰ ਦਿਲਬਾਗ ਸਿੰਘ, ਇੰਟੈਕ ਗੁਰਦਾਸਪੁਰ ਮੈਂਬਰ, ਸ੍. ਜੈਪਾਲ ਸਿੰਘ ਬਾਜਵਾ, ਡਾਕਟਰ ਜਗਬੀਰ ਸਿੰਘ ਗੁਰਾਇਆ, ਸਰਵਾਲੀ ਵੈਲਫ਼ੇਅਰ ਐਂਡ ਚੈਰੀਟੇਬਲ ਸੁਸਾਇਟੀ ਵੱਲੋਂ ਹਰਵੰਤ ਸਿੰਘ ਪ੍ਰਧਾਨ, ਖਜ਼ਾਨਚੀ ਗੁਰਮੀਤ ਸਿੰਘ ਨਾਗੀ ਸਕੂਲ ਆਫ਼ ਐਮੀਨੈਂਸ ਬਟਾਲਾ ਤੋਂ ਸ੍ਰੀ ਹਰੀ ਕ੍ਰਿਸ਼ਨ, ਹਰਪ੍ਰੀਤ ਸਿੰਘ, ਸ੍ਰੀ ਸੁਭਾਸ਼, ਸ੍ਰੀ ਅਸ਼ੋਕ ਕੁਮਾਰ, ਲੈਕਚਰਾਰ ਚਰਨਜੀਤ ਸਿੰਘ, ਰਜਿੰਦਰ ਸਿੰਘ ਸਾਈਂਸ ਮਾਸਟਰ, ਪਵੇਲ ਸਿੰਘ ਸਾਬਕਾ ਹੈਡ ਡਰਾਫਟਸਮੈਨ, ਰੂਪ ਸਿੰਘ ਦਾਲਮ, ਨਿਰੰਜਣ ਸਿੰਘ ਚੋਰਾਂਵਾਲੀ, ਅਮਰ ਇਕਬਾਲ ਸਿੰਘ ਸੰਧੂ(ਗੋਖੂਵਾਲ), ਅਮਿਤੋਜ ਸਿੰਘ ਔਲਖ, ਹਰਪਾਲ ਸਿੰਘ ਖਾਨ ਫੱਤਾ, ਸਰਦਾਰ ਰਵਿੰਦਰ ਸਿੰਘ ਬੱਲ, ਬਲਜੀਤ ਸਿੰਘ(ਰਾਜਨ ਪੈਕਰਸ), ਪਰਮਿੰਦਰ ਸਿੰਘ, ਸਾਬਕਾ ਪ੍ਰਧਾਨ ਰੋਟਰੀ ਕਲੱਬ ਅਤੇ ਮਨਮਿੰਦਰ ਸਿੰਘ(ਰਾਜਿੰਦਰਾ ਫੈਂਡਰੀ, ਬਟਾਲਾ), ਲੈਕਚਰਾਰ ਪਰਮਿੰਦਰ ਬਾਜਵਾ, ਲੈਕਚਰਾਰ ਪ੍ਰਦੀਪ ਕੌਰ, ਜਤਿੰਦਰਪਾਲ ਸਿੰਘ ਬਾਜਵਾ, ਗੁਰਪ੍ਰੀਤ ਸਿੰਘ ਚੀਮਾ, ਅਜੀਤ ਸਿੰਘ ਕਾਹਲੋਂ, ਗਗਨਦੀਪ ਸਿੰਘ ਸਾਬਕਾ ਸਰਪੰਚ, ਤਲਬੀਰ ਸਿੰਘ ਸੰਧੂ, ਸਿੱਖ ਰੈਜੀਮੈਂਟ ਦੇ ਸਾਬਕਾ ਫੌਜੀ ਜਵਾਨ, ਸੂਬੇਦਾਰ ਕੁਲਵੰਤ ਸਿੰਘ, ਸ੍ ਜਗਦੇਵ ਸਿੰਘ, ਸ਼ੇਰ ਏ ਪੰਜਾਬ ਸ਼ੂਟਿੰਗ ਅਕੈਡਮੀ, ਬਟਾਲਾ ਅਤੇ ਪਿੰਡ ਸਰਵਾਲੀ ਦੇ ਸਮੂਹ ਸਾਬਕਾ ਫੌਜੀ ਜਵਾਨਾਂ, ਸਵਰਨ ਸਿੰਘ, ਮਨਜੀਤ ਸਿੰਘ, ਸ੍ ਸੁਰਜੀਤ ਸਿੰਘ, ਨਿਰਮਲ ਸਿੰਘ, ਰਜਿੰਦਰ ਸਿੰਘ, ਅਜੈਬ ਸਿੰਘ, ਦਿਲਬਾਗ ਸਿੰਘ, ਬਲਵਿੰਦਰ ਸਿੰਘ, ਰਤਨ ਸਿੰਘ, ਕਰਤਾਰ ਸਿੰਘ ਅਤੇ ਜ਼ਿਲ੍ਹਾ ਗੁਰਦਾਸਪੁਰ ਅਤੇ ਅੰਮ੍ਰਿਤਸਰ ਤੋਂ ਹਰ ਵਰਗ ਤੋਂ ਸਨਮਾਨਯੋਗ ਸ਼ਖ਼ਸੀਅਤਾਂ ਨੇ ਸਮਾਗਮ ਵਿੱਚ ਹਾਜ਼ਰੀ ਭਰੀ ਅਤੇ ਪਹਿਲੀ ਸੰਸਾਰ ਜੰਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸ਼ਰਧਾਂਜਲੀ ਸਮਾਗਮ ਮੌਕੇ ਸ਼ਹੀਦਾਂ ਦੇ ਪਰਿਵਾਰਾਂ ਅਤੇ ਸਰਪੰਚ ਸੁਖਵਿੰਦਰ ਸਿੰਘ ਗਿੱਲ, ਗ੍ਰਾਮ ਪੰਚਾਇਤ ਸਰਵਾਲੀ ਵੱਲੋਂ ਆਈਆਂ ਸੰਗਤਾਂ ਅਤੇ ਸਰਵਾਲੀ ਵੈਲਫੇਅਰ ਐਂਡ ਚੈਰੀਟੇਬਲ ਸੁਸਾਇਟੀ,(ਰਜਿ:), ਸਰਵਾਲੀ ਦੇ ਭਰਪੂਰ ਯੋਗਦਾਨ ਲਈ ਧੰਨਵਾਦ ਕੀਤਾ ਗਿਆ ਅਤੇ ਇਸ ਮੌਕੇ ਮਾਨਯੋਗ ਮੁੱਖ ਮਹਿਮਾਨ ਲੈਫਟੀਨੈਂਟ ਲੋਕੇਸ਼ ਸਿੰਘ, 25 ਸਿੱਖ ਨੂੰ ਸ਼ਰਧਾਂਜਲੀ ਸਮਾਗਮ ਸਬੰਧੀ ਯਾਦ ਚਿੰਨ੍ਹ ਭੇਂਟ ਕੀਤਾ ਗਿਆ।

ਬਰਸਟ ਨੇ ਲੋਕ ਮਿਲਣੀ ਵਿੱਚ ਸਮਾਣਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ, ਕੀਤਾ ਨਿਪਟਾਰਾ

ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ



ਸਮਾਣਾ, 16 ਨਵੰਬਰ (ਵਿਜੇ ਕੁਮਾਰ/ਜਵੰਦਾ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਤੇ ਪੰਜਾਬ ਨੂੰ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਤੱਕ ਪਹੁੰਚਾਉਣਾ ਹੈ। ਇਸੇ ਤਹਿਤ ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਸਥਿਤ ਦਫ਼ਤਰ ਵਿਖੇ ਹਫ਼ਤਾਵਾਰੀ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਪਹੁੰਚੀਆਂ ਪੰਚਾਇਤਾਂ, ਪਤਵੰਤੇ ਸੱਜਣਾਂ ਅਤੇ ਆਮ ਲੋਕਾਂ ਨੇ ਬਰਸਟ ਨਾਲ ਮੁਲਾਕਾਤ ਕਰਕੇ ਆਪਣੇ ਇਲਾਕਿਆਂ ਦੀਆਂ ਸਮੱਸਿਆਵਾਂ ਅਤੇ ਵਿਕਾਸ ਕਾਰਜਾਂ ਸਬੰਧੀ ਮੰਗਾਂ ਸਾਂਝੀਆਂ ਕੀਤੀਆਂ। ਲੋਕਾਂ ਨਾਲ ਸੰਵਾਦ ਕਰਦਿਆਂ ਸ. ਬਰਸਟ ਨੇ ਹਰ ਇੱਕ ਵਿਅਕਤੀ ਦੀ ਗੱਲ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ ਅਤੇ ਸਰਕਾਰੀ ਸਹੂਲਤਾਂ ਦਾ ਲਾਭ ਸਮੇਂ ਸਿਰ ਮਿਲ ਸਕੇ। ਸ. ਬਰਸਟ ਨੇ ਕਿਹਾ ਕਿ ਲੋਕ ਮਿਲਣੀਆਂ ਦਾ ਮੁੱਖ ਮਕਸਦ ਸਰਕਾਰ ਤੇ ਲੋਕਾਂ ਵਿਚਕਾਰ ਸਿੱਧਾ ਸੰਪਰਕ ਬਣਾਈ ਰੱਖਣਾ ਹੈ, ਤਾਂ ਜੋ ਲੋਕਾਂ ਦੀਆਂ ਅਸਲ ਸਮੱਸਿਆਵਾਂ ਨੂੰ ਸਮਝ ਕੇ ਉਨ੍ਹਾਂ ਦੇ ਹੱਲ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਜਾਂਦੇ ਸੁਝਾਅ ਇਲਾਕੇ ਦੇ ਵਿਕਾਸ ਦੀ ਯੋਜਨਾਬੰਦੀ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸੇ ਲਈ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਕੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਵਿੱਚ ਜਿੱਥੇ ਪੇਂਡੂ ਲਿੰਕ ਸੜਕਾਂ ਦਾ ਨਵੀਨੀਕਰਨ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ, ਉੱਥੇ ਹੀ ਮੰਡੀਆਂ ਵਿੱਚ ਵੀ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਸਮਾਣਾ ਮੰਡੀ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਦੀ ਸਹੂਲਤ ਲਈ ਸਟੀਲ ਕਵਰ ਸ਼ੈਡ ਦਾ ਵੀ ਨਿਰਮਾਣ ਕੀਤਾ ਗਿਆ ਹੈ। ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸੇਵਾ ਅਤੇ ਸੂਬੇ ਦੀ ਤਰੱਕੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਹੀ ਲੋਕ ਮਿਲਣੀਆਂ ਦਾ ਆਯੋਜਨ ਕੀਤਾ ਜਾਵੇਗਾ। ਇਸ ਮੌਕੇ ਪਹੁੰਚੇ ਲੋਕਾਂ ਵੱਲੋਂ ਪੰਜਾਬ ਸਰਕਾਰ ਤੇ ਹਰਚੰਦ ਸਿੰਘ ਬਰਸਟ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਵਰਿੰਦਰ ਸਿੰਘ ਸਰਪੰਚ ਸੈਦੀਪੁਰ, ਸੁਖਵਿੰਦਰ ਸਿੰਘ ਸਰਪੰਚ ਬਿਜਲਪੁਰ, ਕੁਲਵੀਰ ਸਿੰਘ ਸਰਪੰਚ ਲਲੋਛੀ, ਪਰਗਟ ਸਿੰਘ